# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 16-11-2024**

- ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਲੋਕਤੰਤਰ ਨੂੰ ਸੁਰੱਖਿਅਤ ਰੱਖਣ ਵਿੱਚ ਮੀਡੀਆ ਦੀ ਭੂਮਿਕਾ ਨੂੰ ਕੀਤਾ ਉਜਾਗਰ।
- ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਤੋਂ ਦਿੱਤਾ ਅਸਤੀਫਾ।
- ਰਾਸ਼ਟਰ ਅੱਜ ਕੌਮ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ, ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ - ਸ਼ਹੀਦ ਦੇ ਜੱਦੀ ਪਿੰਡ ਸਰਾਭਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਦਾ ਹੋਇਆ ਆਯੋਜਨ।
- BSF ਵਿਚ 622 ਮਹਿਲਾ ਰੰਗਰੂਟ ਹੋਈਆਂ ਸ਼ਾਮਿਲ-ਸਹਾਇਕ ਮਹਾਨਿਦੇਸ਼ਕ ਨੇ ਪਾਸਿੰਗ ਆਊਟ ਪਰੇਡ ਦਾ ਕੀਤਾ ਨਿਰੀਖਣ।

------------------------------------------------

ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਅੱਜ ਲੋਕਤੰਤਰ ਨੂੰ ਸੁਰੱਖਿਅਤ ਰੱਖਣ ਵਿੱਚ ਮੀਡੀਆ ਦੀ ਭੂਮਿਕਾ ਨੂੰ ਉਜਾਗਰ ਕੀਤਾ । ਨਵੀਂ ਦਿੱਲੀ ਵਿੱਚ ਰਾਸ਼ਟਰੀ ਪ੍ਰੈਸ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਸ਼੍ਰੀ ਵੈਸ਼ਨਵ ਨੇ ਕਿਹਾ ਕਿ ਪ੍ਰੈਸ ਨੇ ਆਜ਼ਾਦੀ ਦੇ ਸੰਘਰਸ਼ ਅਤੇ ਐਮਰਜੈਂਸੀ ਦੌਰਾਨ ਇੱਕ ਪ੍ਰਮੁੱਖ ਭੂਮਿਕਾ ਨਿਭਾਈ । ਮੰਤਰੀ ਨੇ ਚਿੰਤਾ ਜ਼ਾਹਰ ਕੀਤੀ ਕਿ ਪੇਡ ਨਿਊਜ਼ ਸਮਾਜ ਲਈ ਇੱਕ ਵੱਡਾ ਖਤਰਾ ਬਣ ਕੇ ਉਭਰੀ ਏ । ਉਨ੍ਹਾਂ ਕਿਹਾ ਕਿ ਇਹ ਖਪਤ, ਰਵਾਇਤੀ ਮੀਡੀਆ ਤੋਂ ਡਿਜੀਟਲ ਮੀਡੀਆ ਵੱਲ ਤੇਜ਼ੀ ਨਾਲ ਬਦਲ ਰਹੀ ਏ । ਸੂਚਨਾ ਅਤੇ ਪ੍ਰਸਾਰਣ ਮੰਤਰੀ ਨੇ ਕਿਹਾ ਕਿ ਭਾਰਤ ਵਰਗੇ ਵਿਭਿੰਨਤਾ ਵਾਲੇ ਦੇਸ਼ ਵਿੱਚ ਗਲਤ ਜਾਣਕਾਰੀ ਦੇ ਗੰਭੀਰ ਨਤੀਜੇ ਹੋ ਸਕਦੇ ਨੇ । ਪੰਜਾਬ ਅਤੇ ਚੰਡੀਗੜ੍ਹ ਵਿਚ ਵੀ ਪਤਰਕਾਰ ਜਥੇਬਦੀਆਂ ਵਲੋਂ ਵੀ ਕੌਮੀ ਪ੍ਰੈਸ ਦਿਵਸ ਮਨਾਇਆ ਗਿਆ ।

------------------------------------------------

ਪੰਜਾਬ ਦੇ ਸਾਬਕਾ ਉੱਪ ਮੁੱਖਮੰਤਰੀ ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ

ਅਕਾਲੀ ਦਲ ਦੀ ਪ੍ਰਧਾਨਗੀ ਤੋਂ ਅਸਤੀਫਾ ਦੇ ਦਿੱਤਾ ਏ। ਉਨ੍ਹਾਂ ਅੱਜ ਬਾਅਦ ਦੁਪਹਿਰ ਪਾਰਟੀ ਦੀ ਵਰਕਿੰਗ ਕਮੇਟੀ ਨੂੰ ਆਪਣਾ ਅਸਤੀਫਾ ਸੌਂਪਿਆ। ਪਾਰਟੀ ਦੇ ਬੁਲਾਰੇ ਡਾ. ਦਲਜੀਤ ਸਿੰਘ ਚੀਮਾ ਨੇ, ਸੋਸ਼ਲ ਮੀਡੀਆ ਪਲੇਟਫਾਰਮ 'ਐਕਸ' 'ਤੇ ਇਸ ਬਾਰੇ ਜਾਣਕਾਰੀ ਦੀਦਿਆਂ ਕਿਹਾ ਕਿ ਉਨ੍ਹਾਂ ਦੇ ਇਸ ਅਸਤੀਫੇ ਨਾਲ, ਨਵੇਂ ਪ੍ਰਧਾਨ ਦੀ ਚੋਣ ਲਈ ਰਾਹ ਖੁਲ ਗਿਆ ਏ। ਡਾ. ਚੀਮਾ ਨੇ ਕਿਹਾ ਕਿ ਸੁਖਬੀਰ ਬਾਦਲ ਨੇ ਪਾਰਟੀ ਦੇ ਸਾਰੇ ਨੇਤਾਵਾਂ ਅਤੇ ਵਰਕਰਾਂ ਦਾ, ਉਨ੍ਹਾਂ ਦੀ ਲੀਡਰਸ਼ਿਪ ਵਿੱਚ ਭਰੋਸਾ ਪ੍ਰਗਟਾਉਣ ਅਤੇ ਪੂਰੇ ਕਾਰਜਕਾਲ ਦੌਰਾਨ, ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਪ੍ਰੋ ਪ੍ਰੇਮ ਸਿੰਘ ਚੰਦੂਮਾਜਰਾ ਨੇ ਸੁਖਬੀਰ ਬਾਦਲ ਵਲੋਂ ਦਿੱਤੇ ਗਏ ਅਸਤੀਫੇ ਦਾ ਸਵਾਗਤ ਕੀਤਾ ਏ। ਪਟਿਆਲਾ ਵਿਖੇ ਪੱਤਰਕਾਰਾਂ ਨਾਲ ਗੱਲ ਕਰਦਿਆ ਉਨ੍ਹਾਂ ਕਿਹਾ ਕਿ ਸੁਖਬੀਰ ਬਾਦਲ ਦੇ ਅਸਤੀਫੇ ਦੀ ਮੰਗ ਲਮੇ ਸਮੇਂ ਤੋ ਕੀਤੀ ਜਾ ਰਹੀ ਸੀ। ਇਸ ਅਸਤੀਫੇ ਬਾਅਦ ਹੁਣ ਅਕਾਲੀ ਦਲ ਦੀਆਂ ਵਿਖਰੀਆਂ ਸ਼ਕਤੀਆਂ ਇਕੱਠੀਆਂ ਹੋ ਜਾਣਗੀਆਂ।

-------------------------------------------------------

ਜਲੰਧਰ ਸਥਿਤ  ਡਾ. ਬੀ. ਆਰ. ਅੰਬੇਡਕਰ ਸੰਸਥਾਨ ਨੇ ਅੱਜ ਆਪਣਾ 20ਵਾਂ ਕਨਵੋਕੇਸ਼ਨ ਸਮਾਗਮ ਆਯੋਜਿਤ ਕੀਤਾ। ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਸਮਾਗਮ ਦੇ ਮੁਖ ਮਹਿਮਾਨ  ਜਦਕਿ ਭਾਰਤ ਅਰਥ ਮੂਵਰਸ  ਲਿਮਿਟਿਡ  ਦੇ ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਸ਼ਾਂਤਨੂ  ਰਾਇ ਨੇ  ਬਤੌਰ ਵਿਸ਼ੇਸ਼ ਮਹਿਮਾਨ  ਸ਼ਿਰਕਤ ਕੀਤੀ। ਕਨਵੋਕੇਸ਼ਨ ਵਿਚ Ph D ਦੇ 50 ਵਿਦਿਆਰਥੀਆਂ ਸਮੇਤ ਇਕ ਹਜ਼ਾਰ 293 ਵਿਦਿਆਰਥੀਆਂ ਨੂੰ ਡਿਗਰੀਆਂ ਦਿੱਤੀਆਂ ਗਈਆਂ। ਇਸ ਮੌਕੇ ਰਾਜਪਾਲ ਕਟਾਰੀਆ ਨੇ ਵਿਦਿਆਰਥੀਆਂ ਨੂੰ, ਓਨਾਂ ਦੀ ਇਸ ਉਪਲਬਧੀ ਲਈ ਵਧਾਈਆਂ ਦਿੰਦਿਆਂ,  ਸਾਰਿਆਂ ਨੂੰ ਦੇਸ਼ ਪ੍ਰਤੀ ਆਪਣੇ ਫਰਜ਼ ਨੂੰ ਯਾਦ ਰੱਖਣ ਦੀ ਅਪੀਲ ਕੀਤੀ ਇਸ ਤੋਂ ਪਹਿਲਾਂ NIT ਦੇ ਡਾਇਰੈਕਟਰ ਪ੍ਰੋਫੈਸਰ ਵਿਨੋਦ ਕੁਮਾਰ ਕਨੌਜੀਆ ਨੇ, ਇਸ ਸੰਸਥਾਨ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ । ਇਸ ਦੌਰਾਨ ਰਾਜਪਾਲ ਵੱਲੋਂ ਇਲੈਕਟ੍ਰੀਕਲ  ਇੰਜੀਨਿਅਰਿੰਗ ਬ੍ਲਾਕ ਦਾ ਨੀਂਹ ਪਥਰ ਵੀ ਰਖਿਆ ਗਿਆ। ਇਹ ਬ੍ਲਾਕ ਭਾਰਤ ਸਰਕਾਰ ਦੇ ਸਿਖਿਆ ਮੰਤਰਾਲੇ ਵੱਲੋਂ NIT

ਜਲੰਧਰ ਨੂੰ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਦਿੱਤੀ ਗਈ 240 ਕਰੋੜ ਰੁਪਏ ਦੀ ਰਕਮ ਵਿਚੋਂ ਬਣਨ ਵਾਲਾ ਪਹਿਲਾ ਪ੍ਰੋਜੈਕਟ ਏ।

---------------------------------------------------------

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਅੱਜ ਇਕ ਸਮਾਗਮ ਵਿਚ ਪੰਜਾਬ ਪੁਲਿਸ ਵਿੱਚ ਭਰਤੀ ਹੋਏ ਇਕ ਹਜ਼ਾਰ 746 ਨਵੇਂ ਕਾਂਸਟੇਬਲਾਂ ਵਿੱਚੋਂ 1205 ਕਾਂਸਟੇਬਲਾਂ ਨੂੰ ਨਿਯੁਕਤੀ ਪੱਤਰ ਤਕਸੀਮ ਕੀਤੇ । ਸਮਾਗਮ ਨੂੰ ਸੰਬੋਧਨ ਕਰਦਿਆਂ ਓਹਨਾ ਨਵ-ਨਿਯੁਕਤ ਪੁਲਿਸ ਜਵਾਨਾਂ ਨੂੰ ਆਪਣੀ ਡਿਊਟੀ ਦਿਆਨਤਦਾਰੀ ਅਤੇ ਸਮਰਪਿਤ ਭਾਵਨਾ ਨਾਲ ਨਿਭਾਉਣ ਦਾ ਸੱਦਾ ਦਿੱਤਾ। ਓਨਾ ਦੱਸਿਆ ਕਿ ਕੁਝ ਜ਼ਿਲ੍ਹਿਆਂ ਵਿੱਚ ਚੋਣ ਜ਼ਾਬਤਾ ਅਤੇ ਕੁਝ ਹੋਰ ਕਾਰਨਾਂ ਕਰਕੇ ਬਾਕੀ ਨਿਯੁਕਤੀ ਪੱਤਰ ਜਲਦੀ ਹੀ ਜਾਰੀ ਕਰ ਦਿੱਤੇ ਜਾਣਗੇ। ਦੇਸ਼ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਨੌਜਵਾਨਾਂ ਨੂੰ ਦੇਸ਼ ਦੇ ਇਹਨਾਂ ਸ਼ਹੀਦਾਂ ਦੇ ਸੁਪਨੇ ਸਾਕਾਰ ਕਰਨ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦੀ ਅਪੀਲ ਕੀਤੀ।

----------------------------------------------------------------

ਰਾਸ਼ਟਰ ਅੱਜ ਕੌਮ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਸ਼ਰਧਾਂਜਲੀ ਭੇਂਟ ਕਰ ਰਿਹਾ ਏ । ਉਹ ਇੱਕ ਮਹਾਨ ਕ੍ਰਾਂਤੀਕਾਰੀ ਸਨ, ਜਿਨ੍ਹਾਂ ਨੂੰ ਸਿਰਫ 19 ਸਾਲਾਂ ਦੀ ਉਮਰ ਵਿਚ ਸਾਲ 1915 ਵਿੱਚ ਅੱਜ ਦੇ ਦਿਨ ਬ੍ਰਿਟਿਸ਼ ਸਰਕਾਰ ਨੇ ਆਜ਼ਾਦੀ ਸੰਗਰਾਮ ਵਿੱਚ ਹਿੱਸਾ ਲੈਣ ਲਈ ਫਾਂਸੀ ਦਿੱਤੀ ਸੀ । ਕਰਤਾਰ ਸਿੰਘ ਸਰਾਭਾ ਦੇ ਨਾਲ ਉਨ੍ਹਾਂ ਦੇ ਛੇ ਹੋਰ ਸਾਥੀਆਂ ਨੂੰ ਵੀ ਫਾਂਸੀ ਦਿੱਤੀ ਗਈ ਸੀ। ਗ਼ਦਰ ਪਾਰਟੀ ਦੇ ਮੈਂਬਰ ਵਜੋਂ, ਉਨ੍ਹਾਂ ਦੀ ਸ਼ਹਾਦਤ ਨੇ ਸ਼ਹੀਦ-ਏ-ਆਜ਼ਮ ਭਗਤ ਸਿੰਘ ਸਮੇਤ ਕਈ ਨੌਜਵਾਨਾਂ ਨੂੰ ਆਜ਼ਾਦੀ ਦੀ ਲੜਾਈ  ਵਿਚ ਸ਼ਾਮਿਲ ਹੋਣ ਲਈ ਪ੍ਰੇਰਿਤ ਕੀਤਾ। ਪੰਜਾਬ ਵਿੱਚ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਸ਼ਰਧਾਂਜਲੀ ਦੇਣ ਲਈ, ਲੁਧਿਆਣਾ ਵਿਚ ਉਨ੍ਹਾਂ ਦੇ ਜੱਦੀ ਪਿੰਡ ਸਰਾਭਾ ਵਿਖੇ ਸੂਬਾ  ਪੱਧਰੀ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ ।ਪੰਜਾਬ ਦੇ ਕੈਬਨਿਟ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਨ੍ਹਾਂ ਦੇ ਛੇ ਹੋਰ ਸਾਥੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ, ਜਿਨ੍ਹਾਂ ਨੇ ਪਹਿਲੇ ਲਾਹੌਰ ਸਾਜ਼ਿਸ਼ ਮਾਮਲੇ  ਵਿੱਚ

ਸ਼ਹੀਦੀ ਪ੍ਰਾਪਤ ਕੀਤੀ ਸੀ। ਮੰਤਰੀ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਸਪੋਰਟਸ ਕਲੱਬ ਲਈ, 10 ਲੱਖ ਰੁਪਏ, ਪਿੰਡ ਦੀ ਸਰਬ-ਸੰਮਤੀ ਨਾਲ ਚੁਣੀ ਗਈ ਪੰਚਾਇਤ ਲਈ 5 ਲੱਖ ਰੁਪਏ, ਮਹਾਨ ਆਜ਼ਾਦੀ ਘੁਲਾਟੀਏ ਦੇ ਜੱਦੀ ਘਰ ਦੀ ਬਹਾਲੀ ਅਤੇ ਪਿੰਡ ਦੇ ਵਿਕਾਸ ਲਈ ਵਾਧੂ ਫੰਡ ਦੇਣ ਦਾ ਐਲਾਨ ਕੀਤਾ। ਉਨ੍ਹਾਂ ਪਿੰਡ ਦਾ ਨਾਂ, ਸੂਬੇ ਦੇ ਸੈਰ ਸਪਾਟਾ ਨਕਸ਼ੇ ’ਤੇ ਲਿਆਉਣ ਦਾ ਐਲਾਨ ਵੀ ਕੀਤਾ।

---------------------------------------------------------------

ਹੁਸ਼ਿਆਰਪੁਰ ਸਥਿਤ ਸੀਮਾ ਸੁਰੱਖਿਆ ਬਲ ਦੇ ਸਹਾਇਕ ਸਿਖਲਾਈ ਕੇਂਦਰ ਖੜਕਾਂ ਵਿਖੇ ਅੱਜ ਕਾਰਵਾਈ ਗਈ ਪਾਸਿੰਗ ਆਊਟ ਪਰੇਡ ਵਿਚ ਬੀ.ਐਸ.ਐਫ ਦੇ 622 ਮਹਿਲਾ ਰੰਗਰੂਟਾਂ ਨੇ ਪਾਸਿੰਗ ਆਊਟ ਪਰੇਡ ਵਿੱਚ ਹਿੱਸਾ ਲਿਆ। ਇਸ ਦੌਰਾਨ ਬੀ.ਐਸ.ਐਫ ਦੇ ਸਹਾਇਕ ਮਹਾ-ਨਿਦੇਸ਼ਕ ਸਤੀਸ਼ ਐਸ. ਖੰਡਾਰੇ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਹਨਾਂ ਪਰੇਡ ਦਾ ਨਿਰੀਖਣ ਕੀਤਾ ਅਤੇ ਮਾਰਚ ਪਾਸਟ ਤੋਂ ਸਲਾਮੀ ਲਈ। ਨਵੇਂ ਭਰਤੀ ਹੋਏ ਰੰਗਰੂਟਾਂ ਨੇ ਇਸ ਮੌਕੇ ਭਾਰਤੀ ਸਵਿਧਾਨ ਦੀ ਸਹੁੰ ਵੀ ਚੁੱਕੀ। ਸਹਾਇਕ ਸਿਖਲਾਈ ਕੇਂਦਰ ਦੇ ਆਈ.ਜੀ. ਸਿੰਧੂ ਕੁਮਾਰ

ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਇਹਨਾਂ ਜਵਾਨਾਂ ਨੂੰ, 44 ਹਫਤਿਆਂ ਦੌਰਾਨ ਦਿੱਤੀ ਗਈ ਵੱਖ-ਵੱਖ ਵਿਸ਼ਿਆਂ ਦੀ ਸਿਖਲਾਈ ਬਾਰੇ ਜਾਣਕਾਰੀ ਦਿੱਤੀ। ਸਹਾਇਕ ਮਹਾਨਿਦੇਸ਼ਕ ਸਤੀਸ਼ ਐਸ, ਖੰਡਾਰੇ ਨੇ ਆਪਣੇ ਸੰਬੋਧਨ ਦੌਰਾਨ ਬੀ.ਐਸ.ਐਫ ਵਿੱਚ ਸ਼ਾਮਿਲ ਹੋਈਆਂ ਨਵੀਆਂ ਕਾਂਸਟੇਬਲਾਂ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਡਿਊਟੀ ਕਰਨ ਅਤੇ ਦੇਸ਼ ਦੇ ਪ੍ਰਤੀ ਸਮਰਪਿਤ ਰਹਿਣ ਲਈ ਪ੍ਰੇਰਿਤ ਕੀਤਾ । ਉਹਨਾਂ ਕਿਹਾ ਕਿ ਬੀ.ਐਸ.ਐਫ ਕੋਲ ਬਹੁਤ ਮਹੱਤਵਪੂਰਨ ਜਿੰਮੇਵਾਰੀ ਏ ਅਤੇ ਇਸ ਜਿੰਮੇਵਾਰੀ ਨੂੰ ਨਿਭਾਉਣ ਲਈ ਕੁਰਬਾਨੀ ਦੇਣ ਤੋਂ ਵੀ ਪਿੱਛੇ ਨਹੀਂ ਹਟਦੇ । ਉਹਨਾਂ ਬਲ ਵਿੱਚ ਸ਼ਾਮਿਲ ਹੋਈਆਂ ਨਵੀਆਂ ਕਾਂਸਟੇਬਲਾਂ ਤੇ ਉਹਨਾਂ ਦੇ ਪਰਿਵਾਰਾਂ ਨੂੰ ਵਧਾਈ ਦਿੱਤੀ। ਇਸ ਦੌਰਾਨ ਜਵਾਨਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ, ਜਿਸ ਵਿੱਚ ਵੱਖ ਵੱਖ ਸੂਬਿਆਂ ਦੇ ਸੱਭਿਆਚਾਰ ਅਤੇ ਲੋਕ ਨਾਚ ਤੇ ਅਧਾਰਿਤ ਪੇਸ਼ਕਾਰੀਆਂ ਕੀਤੀਆਂ ਗਈਆਂ।

---------------------------------------------------

ਕੇਂਦਰੀ ਗ੍ਰਹਿ ਮੰਤਰਾਲੇ ਦੇ ਸਹਿਯੋਗ ਨਾਲ ਯੁਵਾ ਮਾਮਲੇ ਅਤੇ ਖੇਡ

ਮੰਤਰਾਲੇ ਅਧੀਨ ਕੰਮ ਕਰ ਰਹੇ ਨਹਿਰੂ ਯੁਵਾ ਕੇਂਦਰ ਸੰਗਠਨ ਵੱਲੋਂ, ਸਾਲ 2023-24 ਦਾ ਚੌਥਾ ਕਸ਼ਮੀਰੀ ਯੂਥ ਐਕਸਚੇਂਜ ਪ੍ਰੋਗਰਾਮ ਇਸ ਸਾਲ ਆਯੋਜਿਤ ਕੀਤਾ ਜਾ ਰਿਹਾ ਏ। ਇਸ ਤਹਿਤ 180 ਟੀਮ ਲੀਡਰਾਂ ਸਮੇਤ 1800 ਕਸ਼ਮੀਰੀ ਨੌਜਵਾਨਾਂ ਨੂੰ, ਦੇਸ਼ ਦੇ 15 ਮਹੱਤਵਪੂਰਨ ਥਾਵਾਂ 'ਤੇ ਦੌਰੇ ਦਾ ਮੌਕਾ ਪ੍ਰਦਾਨ ਕੀਤਾ ਜਾਵੇਗਾ। ਇਸ ਸਬੰਧ ਵਿੱਚ, ਜ਼ਿਲਾ ਐਸ.ਏ.ਐਸ.ਨਗਰ ਮੋਹਾਲੀ ਦੇ ਨਹਿਰੂ ਯੁਵਾ ਕੇਂਦਰ ਵਲੋਂ, ਵਿਗਿਆਨ ਸਿਖਿਆ ਤੇ ਖੋਜ ਬਾਰੇ ਭਾਰਤੀ ਸੰਸਥਾਨ ਵਿਖੇ ਅੱਜ ਤੋਂ 21 ਨਵੰਬਰ ਤੱਕ, ਇੱਕ 6-ਦਿਨਾ "ਕਸ਼ਮੀਰੀ ਯੂਥ ਐਕਸਚੇਂਜ ਪ੍ਰੋਗਰਾਮ" ਕਰਵਾਇਆ ਜਾ ਰਿਹਾ ਏ। ਇਸ ਪ੍ਰੋਗਰਾਮ ਵਿੱਚ, ਕਸ਼ਮੀਰ ਘਾਟੀ ਦੇ 6 ਚੁਣੇ ਹੋਏ ਜ਼ਿਲ੍ਹਿਆਂ ਅਨੰਤਨਾਗ, ਕੁਪਵਾੜਾ, ਬਾਰਾਮੂਲਾ, ਬਡਗਾਮ, ਸ਼੍ਰੀਨਗਰ ਅਤੇ ਪੁਲਵਾਮਾ ਦੇ 18 ਤੋਂ 22 ਸਾਲ ਦੀ ਉਮਰ ਦੇ 120 ਕਸ਼ਮੀਰੀ ਨੌਜਵਾਨ , 12 ਟੀਮ ਲੀਡਰਾਂ ਦੇ ਨਾਲ ਮੇਜ਼ਬਾਨ ਸੂਬੇ ਪੰਜਾਬ ਦੇ ਸੱਭਿਆਚਾਰ ਅਤੇ ਵਿਰਾਸਤ ਦੀ ਪੜਚੋਲ ਕਰਨ ਲਈ ਹਿੱਸਾ ਲੈਣਗੇ। ਨਹਿਰੂ ਯੁਵਾ ਕੇਂਦਰ ਦੇ ਸੂਬਾ ਡਾਇਰੈਕਟਰ ਪਰਮਜੀਤ ਸਿੰਘ ਨੇ ਦਸਿਆ। ਪ੍ਰੋਗਰਾਮ ਦਾ ਉਦੇਸ਼, ਕਸ਼ਮੀਰ ਘਾਟੀ ਤੋਂ ਆਏ ਨੌਜਵਾਨਾਂ

ਵਿੱਚ, ਰਾਸ਼ਟਰੀ ਏਕਤਾ, ਅਖੰਡਤਾ ਅਤੇ ਸ਼ਾਂਤੀ ਦੇ ਸਮਰਥਕਾਂ ਵਜੋਂ ਕੰਮ ਕਰਨ ਲਈ ਅਤੇ ਉਨ੍ਹਾਂ ਨੂੰ ਦੇਸ਼ ਦੇ ਸੱਭਿਆਚਾਰਕ, ਉਦਯੋਗਿਕ, ਇਤਿਹਾਸਕ, ਧਾਰਮਿਕ ਅਤੇ ਵਿਦਿਅਕ ਰੁਚੀ ਦੇ ਵੱਖ-ਵੱਖ ਸਥਾਨਾਂ ਦਾ ਦੌਰਾ ਕਰਨ ਦਾ ਮੌਕਾ ਪ੍ਰਦਾਨ ਕਰਨ ਲਈ ਪ੍ਰੇਰਿਤ ਕਰਨਾ ਅਤੇ ਸੰਵੇਦਨਸ਼ੀਲ ਬਣਾਉਣਾ ਏ । ਇਸ ਮੌਕੇ ਕਸ਼ਮੀਰੀ ਨੌਜਵਾਨ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ । ਇਸ ਦੌਰਾਨ ਕਸ਼ਮੀਰੀ ਮੁਟਿਆਰ ਵਲੋਂ ਗੀਤ ਵੀ ਸੁਣਾਇਆ ਗਿਆ । ਕਸ਼ਮੀਰੀ ਨੌਜਵਾਨਾਂ ਨੂੰ ਤਕਨੀਕੀ ਅਤੇ ਉਦਯੋਗਿਕ ਉੱਨਤੀ ਵਿੱਚ ਮੌਕੇ ਪ੍ਰਦਾਨ ਕਰਨ ਲਈ ਦੇਸ਼ ਦੇ ਵੱਖ-ਵੱਖ ਸੂਬਿਆਂ ਵਿੱਚ ਵੱਖ-ਵੱਖ ਵਿਕਾਸ ਗਤੀਵਿਧੀਆਂ, ਹੁਨਰ ਵਿਕਾਸ, ਵਿਦਿਅਕ ਅਤੇ ਰੁਜ਼ਗਾਰ ਦੇ ਮੌਕਿਆਂ ਦੀ ਉਪਲਬਧਤਾ 'ਤੇ ਧਿਆਨ ਦਿਵਾਇਆ ਜਾਵੇਗਾ। ਇਹ ਨੁਮਾਇੰਦੇ ਪੰਜਾਬ ਵਿਧਾਨ ਸਭਾ, ਸਮੇਤ ਹੋਰਨਾਂ ਵੱਖ ਵੱਖ ਥਾਵਾਂ ਦਾ ਦੌਰਾ ਕਰਨਗੇ ਅਤੇ “ਸਵੱਛਤਾ ਹੀ ਸੇਵਾ” ਅਤੇ “ਏਕ ਪੇੜ ਮਾਂ ਕੇ ਨਾਮ” ਵਰਗੀਆਂ ਮੁਹਿੰਮਾਂ ਵਿੱਚ ਵੀ ਹਿੱਸਾ ਲੈਣਗੇ । ਕਸ਼ਮੀਰੀ ਨੌਜਵਾਨਾਂ ਲਈ ਭਾਰਤ ਸਰਕਾਰ ਦੇ ਫਲੈਗਸ਼ਿਪ ਪ੍ਰੋਗਰਾਮਾਂ,

ਲੀਡਰਸ਼ਿਪ ਹੁਨਰ, ਕਰੀਅਰ ਗਾਈਡੈਂਸ ਅਤੇ ਕਾਉਂਸਲਿੰਗ, ਉੱਦਮਤਾ ਬਾਰੇ ਜਾਗਰੂਕਤਾ ਸੈਸ਼ਨ ਆਯੋਜਿਤ ਕੀਤੇ ਜਾਣਗੇ ।

---------------------------------------------------

ਬੀਤੇ ਦਿਨੀ ਮੁੰਬਈ ਵਿਚ ਰਾਜਨੇਤਾ ਬਾਬਾ ਸਿੱਦੀਕੀ ਦੇ ਹੋਏ ਕਤਲ ਮਾਮਲੇ ਵਿੱਚ, ਪੰਜਾਬ ਪੁਲਿਸ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ, ਮਹਾਰਾਸ਼ਟਰ ਪੁਲਿਸ ਦੇ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਫਾਜ਼ਿਲਕਾ ਵਾਸੀ ਆਕਾਸ਼ ਗਿੱਲ ਨਾਂ ਦੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਦੱਸਿਆ ਕੇ ਮੁਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਗ੍ਰਿਫਤਾਰ ਮੁਲਜ਼ਮ ਲਾਰੈਂਸ ਬਿਸ਼ਨੋਈ ਗੈਂਗ ਦਾ ਸਾਥੀ ਏ ਅਤੇ ਬਾਬਾ ਸਿੱਦੀਕੀ ਦੇ ਕਤਲ ਵਿੱਚ ਸ਼ਾਮਲ ਸ਼ੂਟਰਾਂ ਨੂੰ ਮਾਲੀ ਸਹਾਇਤਾ ਪ੍ਰਦਾਨ ਕਰ ਰਿਹਾ ਸੀ । ਇਸਨੂੰ ਮੁੰਬਈ ਪੁਲਿਸ ਦੇ ਹਵਾਲੇ ਕਰ ਦਿੱਤਾ ਗਿਆ ਏ ।

---------------------------------------------------

- ਸੂਚਨਾ ਅਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ, ਲੋਕਤੰਤਰ ਨੂੰ ਸੁਰੱਖਿਅਤ ਰੱਖਣ ਵਿੱਚ ਮੀਡੀਆ ਦੀ ਭੂਮਿਕਾ ਨੂੰ ਕੀਤਾ ਉਜਾਗਰ ।

- ਸੁਖਬੀਰ ਸਿੰਘ ਬਾਦਲ ਨੇ ਸ਼੍ਰੋਮਣੀ ਅਕਾਲੀ ਦਲ ਦੀ ਪ੍ਰਧਾਨਗੀ ਤੋਂ ਦਿੱਤਾ ਅਸਤੀਫਾ ।
- ਰਾਸ਼ਟਰ ਅੱਜ ਕੌਮ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ, ਉਨ੍ਹਾਂ ਦੇ ਸ਼ਹੀਦੀ ਦਿਹਾੜੇ 'ਤੇ ਸ਼ਰਧਾਂਜਲੀ ਭੇਂਟ ਕਰ ਰਿਹਾ ਏ। ਸ਼ਹੀਦ ਦੇ ਜੱਦੀ ਪਿੰਡ ਸਰਾਭਾ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਦਾ ਹੋਇਆ ਆਯੋਜਨ ।
- BSF ਵਿਚ 622 ਮਹਿਲਾ ਰੰਗਰੂਟ ਹੋਈਆਂ ਸ਼ਾਮਿਲ-ਸਹਾਇਕ ਮਹਾਨਿਦੇਸ਼ਕ ਨੇ ਪਾਸਿੰਗ ਆਊਟ ਪਰੇਡ ਦਾ ਕੀਤਾ ਨਿਰੀਖਣ ।